ਪੰਜਾਬ ਸਰਕਾਰ

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

(ਸਿੱਖਿਆ ਸੈੱਲ)

**ਹੁਕਮ**

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ ਦੇ ਪੱਤਰ ਨੰ; 6/41/19-2ਸਿੱ.ਸੈਲ/413-423, ਮਿਤੀ 19-2-2020, ਮਿਤੀ 29.11.2021 ਅਤੇ ਮਿਤੀ 4.7.2022 ਰਾਹੀਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਨੂੰ ਮੁੜ ਦੁਹਰਾਉਂਦੇ ਹੋਏ ਲਿਖਿਆ ਜਾਂਦਾ ਹੈ ਕਿ ਸਮੁੱਚੇ ਪੰਜਾਬ ਰਾਜ ਵਿੱਚ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਨੂੰ ਵਧੇਰੇ ਮਹੱਤਤਾ ਦੇਣ ਲਈ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ ਵਿਭਾਗਾਂ/ ਅਦਾਰਿਆਂ/ ਸੰਸਥਾਵਾਂ/ ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਿਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਲਿਖਣ ਸਮੇਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿਚ ਲਿਖੇ ਜਾਣ ਅਤੇ ਜੇਕਰ ਕਿਸੇ ਹੋਰ ਭਾਸ਼ਾ ਵਿਚ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਤੋਂ ਹੇਠਾਂ ਦੂਸਰੀ ਭਾਸ਼ਾ ਵਿਚ ਲਿਖਿਆ ਜਾਵੇ। ਇਸ ਸਬੰਧੀ ਨਮੂਨੇ ਦੀ ਕਾਪੀ ਨਾਲ ਨੱਥੀ ਕੀਤੀ ਜਾਂਦੀ ਹੈ।

2. ਮੁੜ ਅਪੀਲ ਕੀਤੀ ਜਾਂਦੀ ਹੈ ਕਿ ਇਨ੍ਹਾਂ ਹੁਕਮਾਂ ਦੀ ਪਾਲਣਾ ਕਰਦੇ ਹੋਏ ਮਿਤੀ 21 ਫਰਵਰੀ 2023 ਤੋਂ ਪਹਿਲਾਂ ਪਹਿਲਾਂ ਸਮੂਹ ਨਾਮ ਪੱਟੀਆਂ/ਸਾਈਨਬੋਰਡ ਪੰਜਾਬੀ ਭਾਸ਼ਾ ਵਿਚ ਲਿਖੇ ਜਾਣੇ ਯਕੀਨੀ ਬਣਾਏ ਜਾਣ ਅਤੇ ਰਿਪੋਰਟ ਇਸ ਵਿਭਾਗ ਨੂੰ ਭੇਜੀ ਜਾਵੇ। ਇਨ੍ਹਾ ਹੁਕਮਾਂ ਦੀ ਪਾਲਣਾ ਨਾ ਕਰਨ ਦੀ ਸੂਰਤ ਵਿਚ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ 2021 ਵਿਚ ਦਰਜ ਉਪਬੰਧਾਂ ਅਨੁਸਾਰ ਜੁਰਮਾਨਾ ਲਗਾਉਣ ਸੰਬਧੀ ਕਾਰਵਾਈ ਕੀਤੀ ਜਾਵੇਗੀ।

ਮਿਤੀ,ਚੰਡੀਗੜ੍ਹ:
05.12.2022

ਜਸਪ੍ਰੀਤ ਤਲਵਾੜ, ਆਈ.ਏ.ਐਸ.,
ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

ਪਿੱ:ਅੰ;ਨੰ;6/41/19-2ਸਿੱ.ਸੈਲ/ 857

ਮਿਤੀ,ਚੰਡੀਗੜ੍ਹ: 5/12/2022

ਉਤਾਰਾ ਹੇਠ ਲਿਖਿਆਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਨ੍ਹਾਂ ਹੁਕਮਾਂ ਦੀ ਦੀ ਇੰਨ-ਬਿਨ ਪਾਲਣਾ ਕਰਨ ਹਿੱਤ ਯੋਗ ਕਦਮ ਚੁੱਕਣ ਦੀ ਕ੍ਰਿਪਾਲਤਾ ਕਰਨ:-

1) ਸਕੱਤਰ/ਮੁੱਖ ਸਕੱਤਰ ਪੰਜਾਬ।
2) ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।
3) ਸਕੱਤਰ, ਪੰਜਾਬ ਵਿਧਾਨ ਸਭਾ ਸਕੱਤਰੇਤ।
4) ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ।
5) ਸਮੂਹ ਡਵੀਜਨਾਂ ਦੇ ਕਮਿਸ਼ਨਰ।
6) ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ।
7) ਪੰਜਾਬ ਰਾਜ ਦੇ ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ।
8) ਪੰਜਾਬ ਰਾਜ ਦੇ ਸਮੂਹ ਡਿਪਟੀ ਕਮਿਸ਼ਨਰ ਅਤੇ ਸਮੂਹ ਉਪ ਮੰਡਲ ਮੈਜਿਸਟ੍ਰੇਟ।
9) ਸਮੂਹ ਬੋਰਡਾਂ/ਕਾਰਪੋਰੇਸ਼ਨਾਂ ਦੇ ਚੇਅਰਮੈਨ।
10) ਸਮੂਹ ਨਗਰ ਨਿਗਮ ਅਤੇ ਨਗਰ ਪਾਲਿਕਾ ਦੇ ਕਮਿਸ਼ਨਰ ਅਤੇ ਕਾਰਜ ਸਾਧਕ ਅਫ਼ਸਰ।
11) ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ।

ਅਧੀਨ ਸਕੱਤਰ, ਪੰਜਾਬ ਸਰਕਾਰ
ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ

ਅੰਦਰੂਨੀ ਵੰਡ:-

1) ਸਕੱਤਰ/ਉ.ਸਿੱ.ਮੰਤਰੀ
2) ਨਿਜੀ ਸਕੱਤਰ/ਪ੍ਰ.ਸ.ਉ.ਸਿੱ.
3) ਨਿਜੀ ਸਹਾਇਕ/ਵਿ.ਸ.ਉ.ਸਿੱ.
4) ਨਿ.ਸਹਾਇਕ/ਅ.ਸ.ਉ.ਸਿੱ.

<u>ਨਮੂਨਾ</u>

ਕੇਵਲ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ ਵਿੱਚ)

ਹੋਰਨਾਂ ਭਾਸ਼ਾਵਾਂ ਵਿੱਚ